# Official Spokesperson's response to a query about an OIC statement on the unfortunate incident in the Indian State of Assam

October 08, 2021

...........................................................................................................................................

## ਭਾਰਤ ਦੇ ਅਸਾਮ ਰਾਜ ਵਿੱਚ ਹੋਈ ਮੰਦਭਾਗੀ ਘਟਨਾ ਬਾਰੇ OIC ਦੇ ਬਿਆਨ ਬਾਰੇ ਪੁੱਛੇ ਗਏ ਸਵਾਲ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

**8 ਅਕਤੂਬਰ, 2021**

ਭਾਰਤ ਦੇ ਅਸਾਮ ਰਾਜ ਵਿੱਚ ਹੋਈ ਮੰਦਭਾਗੀ ਘਟਨਾ ਬਾਰੇ ਇਸਲਾਮਿਕ ਸਹਿਕਾਰਤਾ ਸੰਗਠਨ (OIC) ਦੇ ਬਿਆਨ ਬਾਰੇ ਪੁੱਛੇ ਗਏ ਸਵਾਲ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

ਭਾਰਤ ਨੂੰ ਇਸ ਗੱਲ ਤੇ ਬਹੁਤ ਅਫਸੋਸ ਹੈ ਕਿ ਇਸਲਾਮਿਕ ਸਹਿਕਾਰਤਾ ਸੰਗਠਨ (OIC) ਨੇ ਇੱਕ ਵਾਰ ਫਿਰ ਭਾਰਤ ਦੇ ਅਸਾਮ ਰਾਜ ਵਿੱਚ ਵਾਪਰੀ ਮੰਦਭਾਗੀ ਘਟਨਾ 'ਤੇ ਗਲਤ ਅਤੇ ਗੁੰਮਰਾਹਕੁੰਨ ਬਿਆਨ ਜਾਰੀ ਕਰਕੇ ਭਾਰਤ ਦੇ ਅੰਦਰੂਨੀ ਮਾਮਲਿਆਂ 'ਤੇ ਟਿੱਪਣੀ ਕੀਤੀ ਹੈ। ਭਾਰਤੀ ਅਧਿਕਾਰੀਆਂ ਨੇ ਇਸ ਸਬੰਧ ਵਿੱਚ ਯੋਗ ਕਾਨੂੰਨੀ ਕਾਰਵਾਈ ਕੀਤੀ ਹੈ। ਇਹ ਦੁਹਰਾਇਆ ਜਾਂਦਾ ਹੈ ਕਿ OIC ਦਾ ਭਾਰਤ ਦੇ ਅੰਦਰੂਨੀ ਮਾਮਲਿਆਂ ਨਾਲ ਜੁੜੇ ਮੁੱਦਿਆਂ ਵਿੱਚ ਦਖਲ ਦੇਣ ਦਾ ਕੋਈ ਹੱਕ ਨਹੀਂ ਬਣਦਾ ਹੈ ਅਤੇ ਇਸਨੂੰ ਨਿੱਜੀ ਹਿਤਾਂ ਦੁਆਰਾ ਆਪਣੇ ਪਲੇਟਫਾਰਮ ਦੀ ਵਰਤੋਂ ਨਹੀਂ ਕਰਨ ਦੇਣੀ ਚਾਹੀਦੀ। ਭਾਰਤ ਸਰਕਾਰ ਅਜਿਹੇ ਸਾਰੇ ਬੇਲੋੜੇ ਬਿਆਨਾਂ ਨੂੰ ਖਾਰਿਜ ਕਰਦੀ ਹੈ ਅਤੇ ਉਮੀਦ ਕਰਦੀ ਹੈ ਕਿ ਭਵਿੱਖ ਵਿੱਚ ਅਜਿਹੀਆਂ ਟਿੱਪਣੀਆਂ ਨਹੀਂ ਕੀਤੀਆਂ ਜਾਣਗੀਆਂ।

ਨਵੀਂ ਦਿੱਲੀ

8 ਅਕਤੂਬਰ, 2021

DISCLAIMER: This is an approximate translation. The original is available in English on MEA's website and may be referred to as the official press release.